# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 19-07-2025**

ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਦੇਸ਼ ਦੀ ਪਹਿਲੀ ਸਵਦੇਸ਼ੀ ਸੈਮੀਕੰਡਕਟਰ ਚਿੱਪ ਇਸ ਸਾਲ ਤਿਆਰ ਹੋ ਜਾਵੇਗੀ । ਕੱਲ੍ਹ ਹੈਦਰਾਬਾਦ ਵਿੱਚ ਇਕ ਸਮਾਗਮ ਵਿੱਚ ਬੋਲਦਿਆਂ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਭਾਰਤ ਦੁਨੀਆ ਦੇ ਸਭ ਤੋਂ ਮਹੱਤਵਪੂਰਨ ਸੈਮੀ-ਕੰਡਕਟਰ ਉਤਪਾਦਕ ਦੇਸ਼ਾਂ ਵਿੱਚੋਂ ਇੱਕ ਬਣਨ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਸਰਕਾਰ ਨੇ ਪਹਿਲਾਂ ਹੀ ਛੇ ਸੈਮੀਕੰਡਕਟਰ ਪਲਾਂਟਾਂ ਨੂੰ ਮਨਜ਼ੂਰੀ ਦੇ ਦਿੱਤੀ ਏ ਅਤੇ ਉਨ੍ਹਾਂ ਦਾ ਨਿਰਮਾਣ ਚੱਲ ਰਿਹਾ ਏ । ਉਨ੍ਹਾਂ ਕਿਹਾ ਕਿ ਇਸ ਸਾਲ ਦੇਸ਼ ਵਿੱਚ ਪਹਿਲੀ ਭਾਰਤ-ਬਣੀ ਚਿੱਪ ਤਿਆਰ ਹੋ ਜਾਵੇਗੀ।

**BYTE:**

ਸ਼੍ਰੀ ਵੈਸ਼ਨਵ ਨੇ ਕਿਹਾ ਕਿ ਇੰਡੀਆ ਆਰਟੀਫੀਸ਼ੀਅਲ ਇੰਟੈਲੀਜੈਂਸ

ਮਿਸ਼ਨ ਦੇ ਤਹਿਤ, ਮੁਫਤ ਡੇਟਾਸੈੱਟ ਅਤੇ ਹੋਰ ਸਮੱਗਰੀ ਅਪਲੋਡ ਕੀਤੀ ਜਾ ਰਹੀ ਏ। ਕੇਂਦਰੀ ਮੰਤਰੀ ਨੇ ਵਿਦਿਆਰਥੀਆਂ ਨੂੰ ਤੇਜ਼ੀ ਨਾਲ ਬਦਲ ਰਹੀ ਵਿਸ਼ਵ ਅਰਥ-ਵਿਵਸਥਾ ਅਤੇ ਤਕਨੀਕੀ ਦ੍ਰਿਸ਼ਟੀਕੋਣ ਦੇ ਮੱਦੇਨਜ਼ਰ ਤਕਨਾਲੋਜੀ ਦੀ ਸਭ ਤੋਂ ਵਧੀਆ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਬਹੁਤ ਜਲਦੀ ਵਿਕਸਤ ਦੇਸ਼ਾਂ ਦੇ ਵਿਦਿਆਰਥੀ ਸਿੱਖਿਆ ਲਈ ਭਾਰਤ ਆਉਣਗੇ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਦੀ ਅਲਾਮਤ ਫੈਲਾਉਣ ਵਾਲਿਆਂ ਨਾਲ ਕੋਈ ਰਹਿਮ ਨਹੀਂ ਵਰਤਿਆ ਜਾਵੇਗਾ ਅਤੇ ਨਸ਼ਾ ਤਸਕਰੀ 'ਚ ਖ਼ੁਦ ਨੂੰ ਅਜਿੱਤ ਮੰਨਣ ਵਾਲਿਆਂ ਨੂੰ ਸਲਾਖਾਂ ਪਿੱਛੇ ਕੀਤਾ ਗਿਆ ਏ। ਮਾਲੇਰਕੋਟਲਾ ਵਿਚ ਅਹਿਮਦਗੜ੍ਹ ਅਤੇ ਅਮਰਗੜ੍ਹ ਵਿਖੇ ਨਵੇਂ ਤਹਿਸੀਲ ਕੰਪਲੈਕਸਾਂ ਦਾ ਉਦਘਾਟਨ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ ਨੇ ਲੋਕਾਂ ਤੋਂ ਪੂਰਾ ਸਮਰਥਨ ਅਤੇ ਸਹਿਯੋਗ ਮੰਗਿਆ।

ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਅਜਿਹੀਆਂ ਇਮਾਰਤਾਂ ਲੋਕਾਂ ਦੇ

ਭਵਿੱਖੀ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਬਣਾਈਆਂ ਜਾ ਰਹੀਆਂ ਨੇ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਵਿਲੱਖਣ ਪਹਿਲਕਦਮੀਆਂ ਲੋਕਾਂ ਨੂੰ ਅਸੁਵਿਧਾ ਤੋਂ ਬਚਾਉਣ ਅਤੇ ਇਹ ਯਕੀਨੀ ਬਣਾਉਣ ਲਈ ਕੀਤੀਆਂ ਗਈਆਂ ਨੇ ਕਿ ਉਨ੍ਹਾਂ ਨੂੰ ਸਮਾਂਬੱਧ ਤਰੀਕੇ ਨਾਲ ਸੇਵਾਵਾਂ ਮਿਲਣ।

---------------------------------------------------------------

ਵਿੱਤੀ ਸਾਲ 2025-26 ਦੀ ਪਹਿਲੀ ਤਿਮਾਹੀ ਦੌਰਾਨ, ਪਟਿਆਲਾ ਜੀ.ਐਸ.ਟੀ ਡਿਵੀਜ਼ਨ, ਜੀ.ਐਸ.ਟੀ ਮਾਲੀਆ ਪ੍ਰਾਪਤੀ ਵਿੱਚ 40 ਫੀਸਦੀ ਦਾ ਪ੍ਰਭਾਵਸ਼ਾਲੀ ਵਾਧਾ ਦਰਜ ਕਰਦਿਆਂ ਪੰਜਾਬ ਦੀਆਂ ਬਾਕੀ ਸਾਰੀਆਂ ਡਿਵੀਜ਼ਨਾਂ ਤੋਂ ਮੋਹਰੀ ਰਹੀ ਏ । ਖਜ਼ਾਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਹੋਈ ਆਬਕਾਰੀ ਤੇ ਕਰ ਵਿਭਾਗ ਦੀ ਤਿਮਾਹੀ ਸਮੀਖਿਆ ਮੀਟਿੰਗ ਦੌਰਾਨ ਜਾਣਕਾਰੀ ਦਿਤੀ ਗਈ । ਪਟਿਆਲਾ ਡਿਵੀਜ਼ਨ ਤੋਂ ਬਾਅਦ ਰੋਪੜ ਡਿਵੀਜ਼ਨ ਦੀ ਵਾਧਾ ਦਰ 34.97 ਫੀਸਦੀ ਅਤੇ ਅੰਮ੍ਰਿਤਸਰ ਡਿਵੀਜ਼ਨ 30.26 ਫੀਸਦੀ ’ਤੇ ਰਹੀ। ਵਿਭਾਗ ਵੱਲੋਂ ਨਾਜਾਇਜ਼ ਸ਼ਰਾਬ ਦੇ ਕਾਰੋਬਾਰ ਨੂੰ ਪ੍ਰਭਾਵਸ਼ਾਲੀ

ਢੰਗ ਨਾਲ ਠੱਲ ਪਾਉਂਦਿਆਂ ਆਪਣੇ ਆਬਕਾਰੀ ਮਾਲੀਆ ਟੀਚਿਆਂ ਨੂੰ ਵੀ ਸਫਲਤਾਪੂਰਵਕ ਪੂਰਾ ਕੀਤਾ ਗਿਆ । ਵਿੱਤ ਮੰਤਰੀ ਨੇ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਡਿਵੀਜ਼ਨਾਂ ਵਿਖੇ ਤਾਇਨਾਤ ਵਿਭਾਗ ਦੀਆਂ ਟੀਮਾਂ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਅਤੇ ਹੋਰ ਡਿਵੀਜ਼ਨਾਂ ਨੂੰ ਉਨ੍ਹਾਂ ਤੋਂ ਸੇਧ ਲੈਣ ਲਈ ਉਤਸ਼ਾਹਿਤ ਕੀਤਾ।

---

ਫਤਿਹਗੜ੍ਹ ਚੂੜੀਆਂ ਤੋਂ ਨਾਇਬ ਤਹਿਸੀਲਦਾਰ ਜਸਵੀਰ ਕੌਰ ਨੂੰ ਭ੍ਰਿਸ਼ਟਾਚਾਰ ਦੇ ਦੋਸ਼ ਤਹਿਤ ਤੁਰੰਤ ਪ੍ਰਭਾਵ ਨਾਲ ਮੁਅੱਤਲ ਕੀਤਾ ਗਿਆ ਏ । ਮਾਲ ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਵਿਭਾਗ ਵਿਚ ਵਧੀਕ ਮੁੱਖ ਸਕੱਤਰ ਤੇ ਵਿਤ ਕਮਿਸ਼ਨਰ ਮਾਲ ਅਨੁਰਾਗ ਵਰਮਾ ਨੇ ਨਾਇਬ ਤਹਿਸੀਲਦਾਰ ਨੂੰ ਮੁਅੱਤਲ ਕਰਨ ਦੇ ਹੁਕਮ ਜਾਰੀ ਕੀਤੇ ਨੇ । ਇਹ ਹੁਕਮ ਸ਼ੋਸਲ ਮੀਡੀਆਂ ਤੇ ਵਾਇਰਲ ਹੋ ਰਹੀ ਇੱਕ ਵੀਡੀਓ ਜਿਸ ਵਿੱਚ ਨਾਇਬ ਤਹਿਸੀਲਦਾਰ, ਫਤਿਹਗੜ੍ਹ ਚੂੜੀਆਂ ਇੱਕ ਪਟਵਾਰੀ ਤੋਂ ਪੈਸੇ ਲੈਂਦੀ ਹੋਈ ਦਿਖਾਈ ਦੇ ਰਹੀ ਏ, ਦੇ ਮੱਦੇਨਜ਼ਰ ਦਿੱਤਾ ਗਿਆ । ਓਧਰ ਸੰਬਧਤ ਵਿਭਾਗ ਵਲੋਂ ਗੁਰਦਸਪੂਰ ਦੇ ਡਿਪਟੀ ਕਮਿਸ਼ਨਰ ਨੂੰ ਮੁਲਜ਼ਮ

ਨਾਇਬ ਤਹਿਸੀਲਦਾਰ ਖਿਲਾਫ ਵਿਜੀਲੈਂਸ ਕਾਰਵਾਈ ਕਰਵਾਉਣ ਦੇ ਹੁਕਮ ਵੀ ਦਿਤੇ ਗਏ ਨੇ।

---------------------------------------------------------

ਬਾਗਬਾਨੀ ਵਿਭਾਗ ਵੱਲੋਂ ਜਿਲ੍ਹਾ ਅੰਮ੍ਰਿਤਸਰ ਵਿੱਚ ਦੋ ਰੋਜ਼ ਸੂਬਾ ਪੱਧਰੀ ਨਾਸ਼ਪਾਤੀ ਦਾ ਸ਼ੋਅ ਅਤੇ ਸੈਮੀਨਾਰ ਲਗਾਇਆ ਗਿਆ । ਇਸ ਮੌਕੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਅਜਿਹੇ ਮੁਕਾਬਲੇ, ਪ੍ਰਦਰਸ਼ਨੀਆਂ, ਸੈਮੀਨਾਰ ਕਿਸਾਨਾ ਦੀ ਜਾਣਕਾਰੀ ਵਧਾਉਂਦੇ ਨੇ ਤੇ ਇਨਾ ਨਾਲ ਤੇ ਉਹਨਾਂ ਦੇ ਵਪਾਰਕ ਸਬੰਧ ਵੀ ਬਣਦੇ ਨੇ ਜੋ ਕਿਸਾਨਾਂ ਦੀ ਆਮਦਨ ਵਧਾਉਣ ਵਿੱਚ ਵੱਡਾ ਯੋਗਦਾਨ ਪਾਉਂਦੇ ਨੇ। ਇਸ ਤੋਂ ਇਲਾਵਾ ਵੱਖ-ਵੱਖ ਜਿਲ੍ਹਿਆਂ ਤੋਂ ਬਾਗਬਾਨਾਂ ਵੱਲੋਂ ਵਧੀਆ ਮਿਆਰ ਅਤੇ ਉੱਚ ਗੁਣਵੱਤਾ ਦੇ ਨਾਸ਼ਪਾਤੀ ਫਲ ਅਤੇ ਫਲਾਂ ਤੋਂ ਤਿਆਰ ਫਲ ਪਦਾਰਥਾਂ ਦੀਆਂ 714 ਰੱਖੀਆਂ ਐਂਟਰੀਆਂ ਦਾ ਮੁਕਾਬਲਾ ਕਰਵਾਇਆ ਗਿਆ ਅਤੇ ਜਿਲ੍ਹਾ ਅੰਮ੍ਰਿਤਸਰ 28 ਇਨਾਮ ਪ੍ਰਾਪਤ ਕਰਕੇ ਪਹਿਲੇ ਨੰਬਰ ਤੇ ਰਿਹਾ। ਨਾਸ਼ਪਾਤੀ ਦੀ ਕਾਸ਼ਤ ਅਤੇ ਮੰਡੀਕਰਨ ਬਾਰੇ ਪੀ.ਏ.ਯੂ. ਲੁਧਿਆਣਾ ਤੋਂ ਆਏ ਮਾਹਿਰਾਂ ਨੇ ਜਾਣਕਾਰੀ ਦਿੱਤੀ ਗਈ।

---------------------------------------------------------------

ਬਾਲ ਸੁਰੱਖਿਆ ਕਾਨੂੰਨਾਂ ਪ੍ਰਤੀ ਜਾਗਰੂਕਤਾ ਵਧਾਉਣ ਅਤੇ ਇਸਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂਕਰਨ ਲਈ, ਜੁਵੇਨਾਈਲ ਜਸਟਿਸ ਐਕਟ, 2015 ਅਤੇ ਜਿਨਸੀ ਅਪਰਾਧਾਂ ਤੋਂ ਬੱਚਿਆਂ ਦੀ ਸੁਰੱਖਿਆ ਐਕਟ, 2012 ਬਾਰੇ  ਚੰਡੀਗੜ੍ਹ ਵਿਚ ਦੋ ਦਿਨਾਂ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ । ਪੰਜਾਬ ਪੁਲਿਸ ਦੇ ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਨੇ ਬਚਪਨ ਬਚਾਓ ਅੰਦੋਲਨ ਦੇ ਸਹਿਯੋਗ ਨਾਲ ਕਰਵਾਏ ਪ੍ਰੋਗਰਾਮ ਵਿਚ ਸੀ.ਏ.ਡੀ ਦੇ ਵਿਸ਼ੇਸ਼ DGP  ਗੁਰਪ੍ਰੀਤ ਕੌਰ ਦਿਓ ਨੇ ਬੱਚਿਆਂ ਦੀ ਸੁਰੱਖਿਆ ਵਿੱਚ ਇਨ੍ਹਾਂ ਐਕਟਾਂ ਦੀ ਮਹੱਤਤਾ ’ਤੇ ਜ਼ੋਰ ਦਿੱਤਾ । ਉਹਨਾਂ ਨੇ ਪੁਲਿਸ ਅਧਿਕਾਰੀਆਂ ਨੂੰ ਬਾਲ ਭਲਾਈ ਕਮੇਟੀ   ਅਤੇ ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀਆਂ ਸਮੇਤ ਕਾਨੂੰਨੀ ਸੰਸਥਾਵਾਂ ਨਾਲ ਨੇੜਿਓਂ ਤਾਲਮੇਲ ਜ਼ਰੀਏ ਕੰਮ ਕਰਨ ਨੂੰ ਦੀ ਅਪੀਲ ਕੀਤੀ । ਇਸ ਪ੍ਰੋਗਰਾਮ ਵਿੱਚ 65 ਤੋਂ ਵੱਧ ਅਧਿਕਾਰੀਆਂ ਨੇ ਹਿੱਸਾ ਲਿਆ। ਅਧਿਕਾਰੀਆਂ ਨੂੰ ਪੋਕਸੋ ਐਕਟ, 2012 ਬਾਰੇ ਜਾਗਰੂਕ ਕੀਤਾ ਗਿਆ ।

ਗੁਰਪ੍ਰੀਤ ਕੌਰ ਦਿਓ ਨੇ ਬਚਪਨ ਬਚਾਓ ਅੰਦੋਲਨ ਦੇ ਯੋਗਦਾਨ ਦੀ ਸ਼ਲਾਘਾ ਕੀਤੀ ।

---------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਨੇ ਸੂਬੇ ਦੇ ਸਕੂਲਾਂ ਅਤੇ ਆਂਗਣਵਾੜੀਆਂ ਵਿੱਚ ਪੋਸ਼ਣ ਬਗੀਚੇ ਸਥਾਪਤ ਕਰਨ ਬਾਰੇ ਪਹਿਲ ਦੀ ਤਜਵੀਜ਼ ਰੱਖੀ ਏ । ਇਹ ਐਲਾਨ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਕੱਲ ਐਸ. ਏ. ਐਸ. ਨਗਰ ਦੇ ਆਪਣੇ ਦੌਰੇ ਦੌਰਾਨ ਕੀਤਾ। ਵੱਖ-ਵੱਖ ਜ਼ਿਲ੍ਹਾ ਵਿਭਾਗਾਂ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ, ਚੇਅਰਮੈਨ ਨੇ ਕਿਹਾ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਰਾਜ ਬਾਗਬਾਨੀ ਵਿਭਾਗ ਦੇ ਸਹਿਯੋਗ ਨਾਲ ਇੱਕ ਲੰਬੇ ਸਮੇਂ ਦੀ ਯੋਜਨਾ ਤਿਆਰ ਕੀਤੀ ਗਈ ਏ । ਯੋਜਨਾ ਨੂੰ ਸੂਬਾ ਸਰਕਾਰ ਤੋਂ ਲੋੜੀਂਦੀਆਂ ਪ੍ਰਵਾਨਗੀਆਂ ਮਿਲ ਗਈਆਂ ਨੇ । ਇਨ੍ਹਾਂ ਬਗੀਚਿਆਂ ਵਿੱਚ ਮੌਸਮੀ ਫਲ ਅਤੇ ਸਬਜ਼ੀਆਂ ਉਗਾਏ ਜਾਣਗੇ, ਜੋ ਸਕੂਲੀ ਵਿਦਿਆਰਥੀਆਂ ਅਤੇ ਆਂਗਣਵਾੜੀ ਬੱਚਿਆਂ ਨੂੰ ਪਰੋਸੇ ਜਾਣਗੇ।

---------------------------------------------------

ਅੱਜ, ਅਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ, ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਜਿਥੇ ਸੰਗਤਾ, ਵੱਡੀ ਗਿਣਤੀ ਵਿਚ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪਹੁੰਚ ਰਹੀਆ ਨੇ, ਉਥੇ ਹੀ ਵਖ – ਵਖ ਗੁਰੂਧਾਮਾਂ ਤੇ ਗੁਰਦਵਾਰਿਆਂ ‘ਚ ਵੀ ਗੁਰਬਾਣੀ ਕੀਰਤਨ ਦਾ ਪ੍ਰਵਾਹ  ਸਵੇਰ ਤੋਂ ਹੀ ਜਾਰੀ ਏ ਤੇ ਇਸ ਮੌਕੇ ਵਿਸ਼ੇਸ਼ ਸਮਾਗਮ ਪ੍ਰੋਗ੍ਰਾਮ ਕਰਾਏ ਜਾ ਰਹੇ ਨੇ. ਗੁਰੂ ਹਰਕ੍ਰਿਸ਼ਨ ਸਾਹਿਬ ਜੀ ਨੇ ਉਸ ਸਮੇਂ ਦੇ ਮੁਗਲ ਹਾਕਮ, ਔਰੰਗਜੇਬ ਦੇ ਮਨੁਖਤਾ ਦੇ ਵਿਰੁਧ ਮਨਸੁਬਿਆ ਦਾ ਵਿਰੋਧ ਕੀਤਾ ਅਤੇ ਤਿੰਨ ਸਾਲ ਅਠ ਮਹੀਨੇ ਤੇ ਕੁਝ ਦਿਨ ਗੁਰੂ ਗਦੀ ਤੇ ਵਿਰਾਜਮਾਨ ਰਹੇ ਅਤੇ ਸਮਾਜਿਕ ਬੁਰਾਇਆ ਨੂੰ ਖਤਮ ਕੀਤਾ। ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ, ਗਿਆਨੀ ਰਘਬੀਰ ਸਿੰਘ ਵਲੋ ਸਮੁਚੀ ਮਾਨਵਤਾ ਨੂੰ ਇਸ ਗੁਰਪੁਰਬ ਦੀ ਵਧਾਈ ਦਿਤੀ ਗਈ ਏ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਅੱਠਵੇਂ ਪਾਤਸ਼ਾਹ, ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼

ਗੁਰਪੁਰਬ ਦੀਆਂ ਵਧਾਈਆਂ ਦਿੰਦਿਆਂ ਆਪਣੇ ਸੁਨੇਹੇ ‘ਚ ਕਿਹਾ ਏ ਕਿ ਗੁਰੂ ਸਾਹਿਬ ਨੇ ਛੋਟੀ ਉਮਰੇ ਹੀ ਦੀਨ ਦੁਖੀਆਂ ਦੀ ਸਹਾਇਤਾ ਕਰਦਿਆਂ ਸੇਵਾ ਦੀ ਅਨੋਖੀ ਮਿਸਾਲ ਕਾਇਮ ਕੀਤੀ।

-----------------------------------------------------

ਮੌਸਮ ਵਿਭਾਗ ਨੇ 24 ਜੁਲਾਈ ਤੱਕ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਉੱਤਰਾਖੰਡ, ਅਤੇ ਉੱਤਰ ਪ੍ਰਦੇਸ਼ ਵਿੱਚ ਵੱਖ-ਵੱਖ ਥਾਵਾਂ 'ਤੇ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ। ਵਿਭਾਗ ਨੇ ਅਗਲੇ ਪੰਜ ਦਿਨਾਂ ਲਈ ਦਿੱਲੀ ਵਿੱਚ ਬੱਦਲਵਾਈ ਅਤੇ ਗਰਜ ਚਮਕ ਨਾਲ ਹਲਕੀ ਬਾਰਿਸ਼ ਦੀ ਭਵਿੱਖਬਾਣੀ ਕੀਤੀ ਏ।